# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :01-12-2025**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ

- ਸੰਸਦ ਦਾ ਸਰਦੀਆਂ ਦੀ ਰੁਤ ਦਾ ਇਜਲਾਸ ਅੱਜ ਤੋਂ ਸ਼ੁਰੂ ਹੋ ਗਿਆ ਏ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਇਹ ਇਜਲਾਸ ਸਿਰਫ਼ ਇੱਕ ਰਵਾਇਤ ਨਹੀਂ ਏ , ਸਗੋਂ ਇਹ ਭਾਰਤ ਨੂੰ ਵਿਕਾਸ ਵੱਲ ਲਿਜਾਣ ਦੀਆਂ ਕੋਸ਼ਿਸ਼ਾਂ ਨੂੰ ਮਜ਼ਬੂਤੀ ਦਿੰਦਾ ਏ.
- ਅੱਜ ਵਿਸ਼ਵ AIDS ਦਿਵਸ'ਤੇ ਕੇਂਦਰੀ ਸਿਹਤ ਮੰਤਰੀ J P NADDA ਨੇ HIV/ਏਡਜ਼ ਬਾਰੇ ਵਧੇਰੇ ਜਾਗਰੂਕਤਾ ਦੀ ਲੋੜ 'ਤੇ ਜ਼ੋਰ ਦਿੱਤਾ । ਇਸ ਮੌਕੇ ਪੰਜਾਬ ਦਾ ਸੂਬਾ ਪੱਧਰੀ ਸਮਾਗਮ ਮੋਹਾਲੀ ਵਿਖੇ ਕਰਵਾਇਆ ਗਿਆ ।
- BSF, ਅੱਜ ਆਪਣਾ 61ਵਾਂ ਸਥਾਪਨਾ ਦਿਵਸ ਮਨਾ ਰਿਹਾ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਸ ਮੌਕੇ 'ਤੇ BSF ਦੇ ਸਾਰੇ ਮੁਲਾਜ਼ਮਾਂ ਨੂੰ ਵਧਾਈ ਦਿੱਤੀ ਏ।

- ਪੰਜਾਬ ਪੁਲਿਸ ਨੇ ਪਾਕਿਸਤਾਨ ਦੀ ਖੁਫਿਆ ਏਜੰਸੀ ਵਲੋਂ ਚਲਾਏ ਜਾ ਰਹੇ ਦਹਿਸ਼ਤਗਰਦੀ MODULE ਦਾ ਕੀਤਾ ਪਰਦਾਫਾਸ਼.
- ਪੰਜਾਬ ਨੂੰ ਨਿਵੇਸ਼ ਪੱਖੋਂ ਪਸੰਦੀਦਾ ਸਥਾਨ ਵਜੋਂ ਦਰਸਾਉਣ ਦੇ ਉਦੇਸ਼ ਨਾਲ ਸੂਬਾ ਸਰਕਾਰ ਦਾ ਇੱਕ ਉੱਚ ਪੱਧਰੀ ਵਫ਼ਦ ਜਾਪਾਨ ਅਤੇ ਦੱਖਣੀ ਕੋਰੀਆ ਦਾ ਦੌਰਾ ਕਰੇਗਾ।

## ਹੁਣ ਖਬਰਾਂ ਵਿਸਥਾਰ ਨਾਲ

ਸੰਸਦ ਦਾ ਸਰਦੀਆਂ ਦੀ ਰੁਤ ਦਾ ਇਜਲਾਸ ਅੱਜ ਸ਼ੁਰੂ ਹੋ ਗਿਆ ਏ. ਇਸ ਇਜਲਾਸ ਵਿੱਚ 19 ਦਿਨਾਂ ਦੀ ਮਿਆਦ ਵਿੱਚ 15 ਬੈਠਕਾਂ ਹੋਣਗੀਆਂ। ਵੋਟਰ ਸੂਚੀ ਦੀ ਵਿਸ਼ੇਸ਼ ਗਹਿਨ ਸੋਧ ਸਮੇਤ ਵੱਖ-ਵੱਖ ਮੁੱਦਿਆਂ 'ਤੇ ਵਿਰੋਧੀ ਧਿਰ ਵੱਲੋਂ ਹੰਗਾਮੇ ਤੋਂ ਬਾਅਦ ਲੋਕ ਸਭਾ ਨੂੰ ਦਿਨ ਭਰ ਲਈ ਉਠਾ ਦਿੱਤਾ ਗਿਆ । ਰਾਜ ਸਭਾ ਜਦੋਂ ਸਵੇਰੇ 11 ਵਜੇ ਮੁੜ ਸ਼ੁਰੂ ਹੋਈ, ਤਾਂ ਜੰਮੂ-ਕਸ਼ਮੀਰ ਨੈਸ਼ਨਲ ਕਾਨਫਰੰਸ ਦੇ ਗੁਰਵਿੰਦਰ ਸਿੰਘ ਓਬਰਾਏ, ਚੌਧਰੀ ਮੁਹੰਮਦ ਰਮਜਾਨ ਅਤੇ ਸੱਜਾਦ ਅਹਿਮਦ ਕਿਚਲੂ ਨੇ ਰਾਜ ਸਭਾ ਮੈਂਬਰਾਂ ਵਜੋਂ ਸਹੁੰ ਚੁੱਕੀ। ਅੱਜ ਪਹਿਲੀ ਵਾਰ ਰਾਜ ਸਭਾ ਦੀ ਪ੍ਰਧਾਨਗੀ ਕਰਨ ਵਾਲੇ ਸਦਨ ਦੇ ਸਭਾਪਤੀ, ਸੀ.ਪੀ. ਰਾਧਾਕ੍ਰਿਸ਼ਨਨ ਦਾ ਸਵਾਗਤ ਕਰਦਿਆਂ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਸ਼੍ਰੀ ਰਾਧਾਕ੍ਰਿਸ਼ਨਨ ਦਾ, ਇੱਕ ਨਿਮਰ ਪਿਛੋਕੜ ਤੋਂ ਉਪ-ਰਾਸ਼ਟਰਪਤੀ ਦੇ

ਅਹੁਦੇ ਤੱਕ ਦਾ ਸਫ਼ਰ, ਭਾਰਤ ਦੇ ਲੋਕਤੰਤਰ ਦੀ ਤਾਕਤ ਨੂੰ ਦਰਸਾਉਂਦਾ ਏ. ਉਪ – ਸਭਾਪਤੀ, ਹਰੀਵੰਸ਼ ਨੇ ਵੀ ਸ਼੍ਰੀ ਰਾਧਾਕ੍ਰਿਸ਼ਨਨ ਦਾ ਸਵਾਗਤ ਕੀਤਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਸੰਸਦ ਦਾ ਸਰਦੀਆਂ ਦੀ ਰੁਤ ਦਾ ਇਜਲਾਸ ਸਿਰਫ਼ ਇੱਕ ਰਵਾਇਤ ਨਹੀਂ ਏ, ਸਗੋਂ ਭਾਰਤ ਨੂੰ ਵਿਕਾਸ ਵੱਲ ਲਿਜਾਣ ਦੀਆਂ ਕੋਸ਼ਿਸ਼ਾਂ ਨੂੰ ਵੀ ਮਜ਼ਬੂਤੀ ਦਿੰਦਾ ਏ। ਸੰਸਦ ਦੇ ਇਸ ਇਜਲਾਸ ਤੋਂ ਪਹਿਲਾਂ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤ ਨੇ ਸਾਬਤ ਕਰ ਦਿੱਤਾ ਏ ਕਿ ਲੋਕਤੰਤਰ ਨਤੀਜੇ ਦੇ ਸਕਦਾ ਏ –

byte

---

ਅੱਜ ਵਿਸ਼ਵ AIDS ਦਿਵਸ ਏ। ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਜਗਤ ਪ੍ਰਕਾਸ਼ ਨੱਡਾ ਨੇ ਅੱਜ ਵਿਸ਼ਵ ਏਡਜ਼ ਦਿਵਸ ਦੇ ਮੌਕੇ 'ਤੇ HIV ਅਤੇ ਏਡਜ਼ ਬਾਰੇ ਵਧੇਰੇ ਜਾਗਰੂਕਤਾ ਦੀ ਲੋੜ 'ਤੇ ਜ਼ੋਰ ਦਿੱਤਾ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਨ੍ਹਾਂ ਨੇ ਇਸ ਵਾਇਰਸ ਦੇ ਫੈਲਣ ਨੂੰ ਰੋਕਣ ਲਈ, ਰੋਕਥਾਮ ਉਪਾਵਾਂ ਅਤੇ ਸ਼ੁਰੂਆਤੀ ਜਾਂਚ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਇਹ ਦਿਨ, HIV ਤੋਂ ਸੰਕਰਮਿਤ ਅਤੇ ਪ੍ਰਭਾਵਿਤ ਲੋਕਾਂ ਨਾਲ ਇਕਜੁੱਟਤਾ ਵਿੱਚ ਖੜ੍ਹੇ ਹੋਣ ਦੇ ਮੌਕੇ ਵਜੋਂ ਕੰਮ ਕਰਦਾ ਏ ਤੇ ਨਾਲ ਹੀ ਇਸਦੇ ਫੈਲਾਅ ਬਾਰੇ ਮਿੱਥਾਂ ਅਤੇ ਗਲਤ

ਧਾਰਨਾਵਾਂ ਨੂੰ ਵੀ ਦੂਰ ਕਰਦਾ ਏ। ਉਨ੍ਹਾਂ ਨੇ ਸਾਰਿਆਂ ਲਈ ਇੱਕ ਸਿਹਤਮੰਦ ਅਤੇ ਸਮਾਵੇਸ਼ੀ ਭਵਿੱਖ ਬਣਾਉਣ ਦੀ ਲੋੜ 'ਤੇ ਜ਼ੋਰ ਦਿੱਤਾ।

-----------------------------------------------------------------------------

ਵਿਸ਼ਵ ਏਡਜ਼ ਦਿਵਸ ਮੌਕੇ ਪੰਜਾਬ ਦਾ ਸੂਬਾ ਪੱਧਰੀ ਸਮਾਗਮ ਮੋਹਾਲੀ ਦੇ ਪਿੰਡ ਸਹੌੜਾ ਸਥਿਤ ਰਿਆਤ ਬਾਹਰਾ ਯੂਨੀਵਰਸਿਟੀ ਵਿਖੇ ਕਰਵਾਇਆ ਗਿਆ। ਸਮਾਗਮ ਦੀ ਪ੍ਰਧਾਨਗੀ ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕੀਤੀ। ਇਸ ਮੌਕੇ ਪੰਜਾਬ ਸਟੇਟ ਬਲੱਡ ਟਰਾਂਸਫੁਜਨ ਕੌਂਸਲ ਵੱਲੋਂ ਕਰਵਾਏ ਖ਼ੂਨਦਾਨ ਕੈਂਪ ਵਿਚ ਵਿਦਿਆਰਥੀਆਂ ਨੇ ਖ਼ੂਨਦਾਨ ਜ਼ਰੀਏ ਮਨੁੱਖਤਾ ਦੀ ਸੇਵਾ ਦਾ ਸੁਨੇਹਾ ਦਿੱਤਾ ਅਤੇ ਸੁਰੱਖਿਅਤ ਖ਼ੂਨਦਾਨ ਰਾਹੀਂ  ਏਡਜ਼ ਤੋਂ ਬਚਣ ਦੀ ਲੋੜ 'ਤੇ ਜ਼ੋਰ ਦਿੱਤਾ। ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਖ਼ੂਨਦਾਨ ਕੈਂਪ ਦਾ ਜਾਇਜ਼ਾ ਲੈਕੇ  ਖ਼ੂਨਦਾਨ ਕਰਨ ਵਾਲੇ ਮੁੰਡੇ ਕੁੜੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ। ਗੱਲਬਾਤ ਕਰਦਿਆਂ ਸਿਹਤ ਮੰਤਰੀ ਨੇ ਕਿਹਾ ਕਿ ਇਸ ਵੇਲੇ ਪੰਜਾਬ 'ਚ 6 ਹਜ਼ਾਰ ਦੇ ਕਰੀਬ ਏਡਜ਼ ਦੇ ਮਰੀਜ਼ ਨੇ। ਸਰਕਾਰ ਏਡਜ਼ ਦੇ ਫੈਲਾਅ ਨੂੰ ਰੋਕਣ ਲਈ ਲਗਾਤਾਰ ਯਤਨ ਕਰ ਰਹੀ ਏ ਅਤੇ ਇਸ ਨਾਮੁਰਾਦ ਪਰ ਇਲਾਜਯੋਗ ਬੀਮਾਰੀ  ਉੱਤੇ ਕਾਫੀ ਹੱਦ ਤੱਕ ਕਾਬੂ ਪਾ ਲਿਆ ਗਿਆ ਏ।

Byte

ਉਨਾਂ ਕਿਹਾ ਕਿ ਏਡਜ਼ ਤੋਂ ਡਰਨ ਦੀ ਲੋੜ ਨਹੀਂ, ਦਵਾਈ ਖਾਣ ਨਾਲ ਵਿਅਕਤੀ ਆਮ ਵਾਂਗ ਜਿੰਦਗੀ ਜੀਅ ਸਕਦਾ ਏ।     ਸ੍ਰੀ ਮੁਕਤਸਰ ਸਾਹਿਬ, ਫਰੀਦਕੋਟ ਅਤੇ ਮੋਹਾਲੀ ਸਮੇਤ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਵੀ ਵਿਸ਼ਵ ਏਡਸ ਦਿਵਸ ਦੇ ਮੌਕੇ 'ਤੇ ਜਾਗਰੂਕਤਾ ਪ੍ਰੋਗਰਾਮ ਕਰਾਏ ਗਏ।

----------------------------------------------------------------

ਸਰਹੱਦੀ ਸੁਰੱਖਿਆ ਬਲ, BSF ਅੱਜ ਆਪਣਾ 61ਵਾਂ ਸਥਾਪਨਾ ਦਿਵਸ ਮਨਾ ਰਿਹਾ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਸ ਮੌਕੇ 'ਤੇ BSF ਦੇ ਸਾਰੇ ਮੁਲਾਜ਼ਮਾਂ ਨੂੰ ਵਧਾਈ ਦਿੱਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ੍ਰੀ ਮੋਦੀ ਨੇ ਕਿਹਾ ਕਿ BSF, ਭਾਰਤ ਦੇ ਅਟੁੱਟ ਸੰਕਲਪ ਅਤੇ ਸਰਬਉੱਚ ਕੁਰਬਾਨੀ ਦਾ ਪ੍ਰਤੀਕ ਏ। ਉਨ੍ਹਾਂ ਅੱਗੇ ਕਿਹਾ ਕਿ ਇਹ ਬਲ, ਮਿਸਾਲੀ ਸਮਰਪਣ ਨਾਲ ਸੇਵਾ ਕਰਦਾ ਏ। ਪ੍ਰਧਾਨ ਮੰਤਰੀ ਨੇ BSF ਮੁਲਾਜ਼ਮਾਂ ਦੀ ਮਾਨਵਤਾਵਾਦੀ ਭਾਵਨਾ ਦੀ ਵੀ ਸ਼ਲਾਘਾ ਕੀਤੀ। ਉਨ੍ਹਾਂ ਨੇ ਦੇਸ਼ ਦੀ ਸੇਵਾ ਅਤੇ ਰੱਖਿਆ ਲਈ ਬਲ ਨੂੰ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ।

----------------------------------------------------------------

ਅੰਮ੍ਰਿਤਸਰ ਵਿੱਚ, ਪੰਜਾਬ ਪੁਲਿਸ ਨੇ ਹਰਿਆਣਾ ਤੇ ਦਿੱਲੀ ਪੁਲਿਸ ਅਤੇ ਕੇਂਦਰੀ ਏਜੰਸੀਆਂ ਨਾਲ ਰਲ ਕੇ ਇੱਕ ਅੰਤਰਰਾਸ਼ਟਰੀ ਦਹਿਸ਼ਤਗਰਦੀ

ਮਾਡਿਊਲ ਦਾ ਪਰਦਾਫਾਸ਼ ਕੀਤਾ ਏ। ਬੋਰਡਰ ਰੇਂਜ ਦੇ DIG ਸੰਦੀਪ ਗੋਯਲ ਨੇ ਪ੍ਰੈੱਸ ਕਾਨਫਰੰਸ ਦੌਰਾਨ, ਜਾਣਕਾਰੀ ਦਿੰਦਿਆਂ ਦੱਸਿਆ ਕਿ, ਇਹ ਗਿਰੋਹ ਪਾਕਿਸਤਾਨ ਵਿੱਚ ਬੈਠੇ ਹੈਂਡਲਰਾਂ ਦੇ ਇਸ਼ਾਰੇ ’ਤੇ ਪੰਜਾਬ ਵਿੱਚ ਦਹਿਸ਼ਤ ਦਾ ਮਾਹੌਲ ਪੈਦਾ ਕਰਨ ਲਈ ਗ੍ਰੇਨੇਡ ਹਮਲੇ ਕਰਵਾ ਰਿਹਾ ਸੀ। DIG ਨੇ ਦੱਸਿਆ ਕਿ ਇਸ ਮਾਮਲੇ ਵਿੱਚ, ਪਾਕਿਸਤਾਨ ਦੀ ਖ਼ੂਫੀਆਂ AGENY, ISI ਦੇ ਹੈਂਡਲਰ, ਈਸ਼ਾਨ ਅਖ਼ਤਰ ਅਤੇ ਸ਼ਹਜ਼ਾਦ ਭੱਟੀ, ਮੁੱਖ ਸਾਜ਼ਿਸ਼ਕਾਰ ਨਿਕਲੇ ਨੇ, ਜੋ ਵਿਦੇਸ਼ ’ਚ ਬੈਠ ਕੇ ਪੂਰਾ ਨੈੱਟਵਰਕ ਚਲਾ ਰਹੇ ਸਨ। ਅਮਨਦੀਪ ਨਾਂ ਦੇ ਨੌਜਵਾਨ ਨੂੰ ISI ਦੇ ਇਸ਼ਾਰੇ ’ਤੇ ਗ੍ਰੇਨੇਡ ਮੁਹੱਈਆ ਕਰਵਾਏ ਜਾਂਦੇ ਸਨ ਅਤੇ ਇਹ ਹੀ ਪੰਜਾਬ ਦੇ ਵੱਖ-ਵੱਖ ਹਿੱਸਿਆਂ ’ਚ ਹਮਲੇ ਕਰ ਰਿਹਾ ਸੀ। DIG ਨੇ ਦੱਸਿਆ ਕਿ ਸਭ ਤੋਂ ਪਹਿਲਾ ਹਮਲਾ, ਗੁਰਦਾਸਪੁਰ ਦੇ ਇੱਕ ਪੁਲਿਸ ਥਾਣੇ ’ਤੇ ਕੀਤਾ ਗਿਆ ਸੀ। ਇਸ ਹਮਲੇ ਤੋਂ ਬਾਅਦ, ਪੰਜਾਬ ਪੁਲਿਸ ਨੇ ਕਈ ਲੋਕਾਂ ਨੂੰ ਗ੍ਰਿਫ਼ਤਾਰ ਕਰਕੇ ਪੁੱਛਗਿੱਛ ਕੀਤੀ। ਇਸੇ ਮਾਮਲੇ ਵਿੱਚ, ਦਿੱਲੀ ਪੁਲਿਸ ਨੇ ਵੀ 2 ਮੁਲਜ਼ਮ ਗ੍ਰਿਫ਼ਤਾਰ ਕੀਤੇ ਨੇ, ਜਿਨ੍ਹਾਂ ਨੂੰ ਛੇਤੀ ਹੀ ਅੰਮ੍ਰਿਤਸਰ ਲਿਆਂਦਾ ਜਾਵੇਗਾ। DIG ਨੇ ਦੱਸਿਆ ਕਿ ਇੱਕ ਹਮਲੇ ਤੋਂ 4–5 ਦਿਨ ਬਾਅਦ, ਇਨ੍ਹਾਂ ਨੇ ਮੁੜ ਗ੍ਰੇਨੇਡ ਹਮਲਾ ਕੀਤਾ। ਨਾਕਾਬੰਦੀ ਦੌਰਾਨ, ਪੁਲਿਸ ਨੇ ਜਦੋਂ ਇਨ੍ਹਾਂ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਤਾਂ ਇਨ੍ਹਾਂ ਨੇ ਪੁਲਿਸ ’ਤੇ ਫਾਇਰਿੰਗ ਕਰ ਦਿੱਤੀ। ਜਵਾਬੀ ਕਾਰਵਾਈ ਵਿੱਚ ਦੋ ਨੌਜਵਾਨ

ਜ਼ਖ਼ਮੀ ਹੋ ਗਏ ਅਤੇ ਇਨ੍ਹਾਂ ਤੋਂ ਇੱਕ ਹੈਂਡ ਗ੍ਰੇਨੇਡ ਵੀ ਬਰਾਮਦ ਹੋਇਆ। DIG ਨੇ ਇਹ ਵੀ ਦੱਸਿਆ ਕਿ ਹੁਣ ਤੱਕ ਪੰਜਾਬ ਪੁਲਿਸ 4 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਚੁੱਕੀ ਏ, ਜਦਕਿ ਦਿੱਲੀ ਪੁਲਿਸ ਨੇ 2 ਹੋਰਾਂ ਨੂੰ ਕਾਬੂ ਕੀਤਾ ਏ।

BYTE

DIG ਨੇ ਕਿਹਾ ਕਿ, ISI ਵੱਲੋਂ ਭਾਰਤ ਵਿੱਚ ਅਰਾਜਕਤਾ ਫੈਲਾਉਣ ਦੀ ਸਾਜ਼ਿਸ਼ ਕੀਤੀ ਜਾ ਰਹੀ ਸੀ, ਪਰ ਪੰਜਾਬ ਪੁਲਿਸ ਇਸ ਯੋਜਨਾ ਨੂੰ ਸਫਲ ਨਹੀਂ ਹੋਣ ਦੇਵੇਗੀ।

-----------------------------------------------------------------------

ਪੰਜਾਬ ਸਰਕਾਰ ਦਾ ਇੱਕ ਉੱਚ ਪੱਧਰੀ ਵਫ਼ਦ ਦਸੰਬਰ ਦੇ ਪਹਿਲੇ ਹਫ਼ਤੇ ਜਾਪਾਨ ਅਤੇ ਦੱਖਣੀ ਕੋਰੀਆ ਦਾ ਦੌਰਾ ਕਰੇਗਾ। ਇਹ ਦੌਰਾ 13 ਤੋਂ 15 ਮਾਰਚ 2026 ਨੂੰ ਮੋਹਾਲੀ ਦੇ Indian School of Business ਵਿਖੇ ਕਰਵਾਏ ਜਾਣ ਵਾਲੇ 6ਵੇਂ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ ਤੋਂ ਪਹਿਲਾਂ ਸੂਬਾ ਸਰਕਾਰ ਦੇ ਉੱਚ-ਪੱਧਰੀ ਅੰਤਰਰਾਸ਼ਟਰੀ ਆਊਟਰੀਚ ਮਿਸ਼ਨ ਦੇ ਹਿੱਸੇ ਵਜੋਂ ਏ। ਇਸ ਵਫ਼ਦ ਵਿੱਚ, ਵਪਾਰ ਅਤੇ ਸਨਅਤ, ਨਿਵੇਸ਼ ਨੂੰ ਉਤਸ਼ਾਹਿਤ , ਬਿਜਲੀ ਅਤੇ ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਵਿਭਾਗ ਦੇ ਮੰਤਰੀ, ਸੰਜੀਵ ਅਰੋੜਾ, ਸੂਬਾ ਸਰਕਾਰ ਦੇ ਸੀਨੀਅਰ ਅਧਿਕਾਰੀ ਅਤੇ Invest Punjab ਦੀ ਟੀਮ ਸ਼ਾਮਲ

ਹੋਵੇਗੀ।   ਇਸ ਤੋਂ ਇਲਾਵਾ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਜਾਵੇਗਾ ਕਿ, Invest ਪੰਜਾਬ ਰਾਹੀਂ, ਸੂਬੇ ਨੂੰ 1.4 ਲੱਖ ਕਰੋੜ ਤੋਂ ਵੱਧ ਦੇ ਨਿਵੇਸ਼, ਪਹਿਲਾਂ ਹੀ ਪ੍ਰਾਪਤ ਹੋ ਚੁੱਕੇ ਨੇ। ਇਸ ਦੌਰਾਨ, ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ, ਨੀਤੀਗਤ ਸਥਿਰਤਾ, ਤੁਰੰਤ ਫੈਸਲੇ ਲੈਣ ਅਤੇ ਨਿਵੇਸ਼ਕਾਂ ਦਾ ਸਮਾਂ ਬਚਾਉਣ ਅਤੇ ਉਹਨਾਂ ਦਾ ਭਰੋਸਾ ਵਧਾਉਣ ਲਈ ਸ਼ਾਸਨ ਪ੍ਰਣਾਲੀ ਦੀ ਪੇਸ਼ਕਸ਼ ਕਰਕੇ, ਪੰਜਾਬ ਨੂੰ ਆਲਮੀ ਸਨਅਤ ਲਈ ਇੱਕ ਪਸੰਦੀਦਾ ਸਥਾਨ ਬਣਾਉਣਾ ਚਾਹੁੰਦੀ ਏ।

--------------------------------------------------------------------------------

ਫ਼ਰੀਦਕੋਟ ਦੇ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਵੱਲੋਂ ਨਗਰ ਕੌਂਸਲ ਫ਼ਰੀਦਕੋਟ ਵਿਖੇ ਪ੍ਰਧਾਨ ਮੰਤਰੀ ਆਵਾਸ ਯੋਜਨਾ (ਸ਼ਹਿਰੀ) ਤਹਿਤ ਲਗਭਗ 284 ਪਰਿਵਾਰਾਂ ਨੂੰ ਕੁੱਲ 7 ਕਰੋੜ 10 ਲੱਖ ਰੁਪਏ ਦੇ ਸੈਨਕਸ਼ਨ ਪੱਤਰ ਜਾਰੀ ਕੀਤੇ ਗਏ। ਇਸ ਸ਼੍ਰੀ ਸੇਖੋਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਆਵਾਸ ਯੋਜਨਾ ਦਾ ਮੁੱਖ ਉਦੇਸ਼ ਸ਼ਹਿਰੀ ਗਰੀਬ ਪਰਿਵਾਰਾਂ ਨੂੰ ਪੱਕਾ ਮਕਾਨ ਮੁਹੱਈਆ ਕਰਵਾਉਣਾ ਏ |

--------------------------------------------------------------------------------

- ਸੰਸਦ ਦਾ ਸਰਦੀਆਂ ਦੀ ਰੁਤ ਦਾ ਇਜਲਾਸ ਅੱਜ ਤੋਂ ਸ਼ੁਰੂ ਹੋ ਗਿਆ ਏ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਇਹ

ਇਜਲਾਸ ਸਿਰਫ਼ ਇੱਕ ਰਵਾਇਤ ਨਹੀਂ ਏ , ਸਗੋਂ ਇਹ ਭਾਰਤ ਨੂੰ ਵਿਕਾਸ ਵੱਲ ਲਿਜਾਣ ਦੀਆਂ ਕੋਸ਼ਿਸ਼ਾਂ ਨੂੰ ਮਜ਼ਬੂਤੀ ਦਿੰਦਾ ਏ.

- ਅੱਜ ਵਿਸ਼ਵ AIDS ਦਿਵਸ'ਤੇ ਕੇਂਦਰੀ ਸਿਹਤ ਮੰਤਰੀ J P NADDA ਨੇ HIV/ਏਡਜ਼ ਬਾਰੇ ਵਧੇਰੇ ਜਾਗਰੂਕਤਾ ਦੀ ਲੋੜ 'ਤੇ ਜ਼ੋਰ ਦਿੱਤਾ । ਇਸ ਮੌਕੇ ਪੰਜਾਬ ਦਾ ਸੂਬਾ ਪੱਧਰੀ ਸਮਾਗਮ ਮੋਹਾਲੀ ਵਿਖੇ ਕਰਵਾਇਆ ਗਿਆ ।
- BSF, ਅੱਜ ਆਪਣਾ 61ਵਾਂ ਸਥਾਪਨਾ ਦਿਵਸ ਮਨਾ ਰਿਹਾ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਸ ਮੌਕੇ 'ਤੇ BSF ਦੇ ਸਾਰੇ ਮੁਲਾਜ਼ਮਾਂ ਨੂੰ ਵਧਾਈ ਦਿੱਤੀ ਏ।
- ਪੰਜਾਬ ਪੁਲਿਸ ਨੇ ਪਾਕਿਸਤਾਨ ਦੀ ਖੁਫਿਆ ਏਜੰਸੀ ਵਲੋਂ ਚਲਾਏ ਜਾ ਰਹੇ ਦਹਿਸ਼ਤਗਰਦੀ MODULE ਦਾ ਕੀਤਾ ਪਰਦਾਫਾਸ਼.

ਪੰਜਾਬ ਨੂੰ ਨਿਵੇਸ਼ ਪੱਖੋਂ ਪਸੰਦੀਦਾ ਸਥਾਨ ਵਜੋਂ ਦਰਸਾਉਣ ਦੇ ਉਦੇਸ਼ ਨਾਲ ਸੂਬਾ ਸਰਕਾਰ ਦਾ ਇੱਕ ਉੱਚ ਪੱਧਰੀ ਵਫ਼ਦ ਜਾਪਾਨ ਅਤੇ ਦੱਖਣੀ ਕੋਰੀਆ ਦਾ ਦੌਰਾ ਕਰੇਗਾ।

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ,**

**ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**